# TODAY'S HUKAMNAMA FROM SRI DARBAR SAHIB, Sri Amritsar.
**[August 13th , 2024 - Tuesday - 04:45 AM. IST]**

**ਧਨਾਸਰੀ ਮਹਲਾ ੫ ਘਰੁ ੬ ਅਸਟਪਦੀ**

**ੴ ਸਤਿਗੁਰ ਪ੍ਰਸਾਦਿ ॥**

**ਜੋ ਜੋ ਜੂਨੀ ਆਇਓ ਤਿਹ ਤਿਹ ਉਰਝਾਇਓ ਮਾਣਸ ਜਨਮੁ ਸੰਜੋਗਿ ਪਾਇਆ ॥ ਤਾਕੀ ਹੈ ਓਟ ਸਾਧ ਰਾਖਹੁ ਦੇ ਕਰਿ ਹਾਥ ਕਰਿ ਕਿਰਪਾ ਮੇਲਹੁ ਹਰਿ ਰਾਇਆ ॥੧॥ ਅਨਿਕ ਜਨਮ ਭ੍ਰਮਿ ਥਿਤਿ ਨਹੀ ਪਾਈ ॥ ਕਰਉ ਸੇਵਾ ਗੁਰ ਲਾਗਉ ਚਰਨ ਗੋਵਿੰਦ ਜੀ ਕਾ ਮਾਰਗੁ ਦੇਹੁ ਜੀ ਬਤਾਈ ॥੧॥ ਰਹਾਉ ॥ ਅਨਿਕ ਉਪਾਵ ਕਰਉ ਮਾਇਆ ਕਉ ਬਚਿਤਿ ਧਰਉ ਮੇਰੀ ਮੇਰੀ ਕਰਤ ਸਦ ਹੀ ਵਿਹਾਵੈ ॥ ਕੋਈ ਐਸੋ ਰੇ ਭੇਟੈ ਸੰਤੁ ਮੇਰੀ ਲਾਹੈ ਸਗਲ ਚਿੰਤ ਠਾਕੁਰ ਸਿਉ ਮੇਰਾ ਰੰਗੁ ਲਾਵੈ ॥੨॥ ਪੜੇ ਰੇ ਸਗਲ ਬੇਦ ਨਹ ਚੂਕੈ ਮਨ ਭੇਦ ਇਕੁ ਖਿਨੁ ਨ ਧੀਰਹਿ ਮੇਰੇ ਘਰ ਕੇ ਪੰਚਾ ॥ ਕੋਈ ਐਸੋ ਰੇ ਭਗਤੁ ਜੁ ਮਾਇਆ ਤੇ ਰਹਤੁ ਇਕੁ ਅੰਮ੍ਰਿਤ ਨਾਮੁ ਮੇਰੈ ਰਿਦੈ ਸਿੰਚਾ ॥੩॥ ਜੇਤੇ ਰੇ ਤੀਰਥ ਨਾਏ ਅਹੰਬੁਧਿ ਮੈਲੁ ਲਾਏ ਘਰ ਕੋ ਠਾਕੁਰੁ ਇਕੁ ਤਿਲੁ ਨ ਮਾਨੈ ॥ ਕਦਿ ਪਾਵਉ ਸਾਧਸੰਗੁ ਹਰਿ ਹਰਿ ਸਦਾ ਆਨੰਦੁ ਗਿਆਨ ਅੰਜਨਿ ਮੇਰਾ ਮਨੁ ਇਸਨਾਨੈ ॥੪॥ ਸਗਲ ਅਸ੍ਰਮ ਕੀਨੇ ਮਨੂਆ ਨਹ ਪਤੀਨੇ ਬਿਬੇਕਹੀਨ ਦੇਹੀ ਧੋਏ ॥ ਕੋਈ ਪਾਈਐ ਰੇ ਪੁਰਖੁ ਬਿਧਾਤਾ ਪਾਰਬ੍ਰਹਮ ਕੈ ਰੰਗਿ ਰਾਤਾ ਮੇਰੇ ਮਨ ਕੀ ਦੁਰਮਤਿ ਮਲੁ ਖੋਏ ॥੫॥ ਕਰਮ ਧਰਮ ਜੁਗਤਾ ਨਿਮਖ ਨ ਹੇਤੁ ਕਰਤਾ ਗਰਬਿ ਗਰਬਿ ਪੜੈ ਕਹੀ ਨ ਲੇਖੈ ॥ ਜਿਸੁ ਭੇਟੀਐ ਸਫਲ ਮੂਰਤਿ ਕਰੈ ਸਦਾ ਕੀਰਤਿ ਗੁਰ ਪਰਸਾਦਿ ਕੋਊ ਨੇਤ੍ਰਹੁ ਪੇਖੈ ॥੬॥ ਮਨਹਠਿ ਜੋ ਕਮਾਵੈ ਤਿਲੁ ਨ ਲੇਖੈ ਪਾਵੈ ਬਗੁਲ ਜਿਉ ਧਿਆਨੁ ਲਾਵੈ ਮਾਇਆ ਰੇ ਧਾਰੀ ॥ ਕੋਈ ਐਸੋ ਰੇ ਸੁਖਹ ਦਾਈ ਪ੍ਰਭ ਕੀ ਕਥਾ ਸੁਨਾਈ ਤਿਸੁ ਭੇਟੇ ਗਤਿ ਹੋਇ ਹਮਾਰੀ ॥੭॥ ਸੁਪ੍ਰਸੰਨ ਗੋਪਾਲ ਰਾਇ ਕਾਟੈ ਰੇ ਬੰਧਨ ਮਾਇ ਗੁਰ ਕੈ ਸਬਦਿ ਮੇਰਾ ਮਨੁ ਰਾਤਾ ॥ ਸਦਾ ਸਦਾ ਆਨੰਦੁ ਭੇਟਿਓ ਨਿਰਭੈ ਗੋਬਿੰਦੁ ਸੁਖ ਨਾਨਕ ਲਾਧੇ ਹਰਿ ਚਰਨ ਪਰਾਤਾ ॥੮॥ ਸਫਲ ਸਫਲ ਭਈ ਸਫਲ ਜਾਤ੍ਰਾ ॥ ਆਵਣ ਜਾਣ ਰਹੇ ਮਿਲੇ ਸਾਧਾ ॥੧॥ ਰਹਾਉ ॥ ਦੂਜਾ ॥੧॥੩॥**

**ਮੰਗਲਵਾਰ, ੨੯ ਸਾਵਣ (ਸੰਮਤ ੫੫੬ ਨਾਨਕਸ਼ਾਹੀ) ੧੩ ਅਗਸਤ, ੨੦੨੪ (ਅੰਗ: ੬੮੬)**

ਪੰਜਾਬੀ ਵਿਆਖਿਆ:

**ਧਨਾਸਰੀ ਮਹਲਾ ੫ ਘਰੁ ੬ ਅਸਟਪਦੀ**

**ੴ ਸਤਿਗੁਰ ਪ੍ਰਸਾਦਿ ॥**

ਹੇ ਗੁਰੂ! ਜੇਹੜਾ ਜੇਹੜਾ ਜੀਵ (ਜਿਸ ਕਿਸੇ) ਜੂਨ ਵਿਚ ਆਇਆ ਹੈ, ਉਹ ਉਸ (ਜੂਨ) ਵਿਚ ਹੀ (ਮਾਇਆ ਦੇ ਮੋਹ ਵਿਚ) ਫਸ ਰਿਹਾ ਹੈ । ਮਨੁੱਖਾ ਜਨਮ (ਕਿਸੇ ਨੇ) ਕਿਸਮਤ ਨਾਲ ਪ੍ਰਾਪਤ ਕੀਤਾ ਹੈ । ਹੇ ਗੁਰੂ! ਮੈਂ ਤਾਂ ਤੇਰਾ ਆਸਰਾ ਤੱਕਿਆ ਹੈ । ਆਪਣੇ ਹੱਥ ਦੇ ਕੇ (ਮੈਨੂੰ ਮਾਇਆ ਦੇ ਮੋਹ ਤੋਂ) ਬਚਾ ਲੈ । ਮੇਹਰ ਕਰ ਕੇ ਮੈਨੂੰ ਪ੍ਰਭੂ-ਪਾਤਿਸ਼ਾਹ ਨਾਲ ਮਿਲਾ ਦੇ ।੧।ਹੇ ਸਤਿਗੁਰੂ! ਅਨੇਕਾਂ ਜੂਨਾਂ ਵਿਚ ਭਟਕ ਭਟਕ ਕੇ (ਜੂਨਾਂ ਤੋਂ ਬਚਣ ਦਾ ਹੋਰ ਕੋਈ) ਟਿਕਾਉ ਨਹੀਂ ਲੱਭਾ । ਹੁਣ ਮੈਂ ਤੇਰੀ ਚਰਨੀਂ ਆ ਪਿਆ ਹਾਂ, ਮੈਂ ਤੇਰੀ ਹੀ ਸੇਵਾ ਕਰਦਾ ਹਾਂ, ਮੈਨੂੰ ਪਰਮਾਤਮਾ (ਦੇ ਮਿਲਾਪ) ਦਾ ਰਸਤਾ ਦੱਸ ਦੇ ।੧।ਰਹਾਉ।ਹੇ ਭਾਈ! ਮੈਂ (ਨਿੱਤ) ਮਾਇਆ ਦੀ ਖ਼ਾਤਰ (ਹੀ) ਅਨੇਕਾਂ ਹੀਲੇ ਕਰਦਾ ਰਹਿੰਦਾ ਹਾਂ, ਮੈਂ (ਮਾਇਆ ਨੂੰ ਹੀ) ਉਚੇਚੇ ਤੌਰ ਤੇ ਆਪਣੇ ਮਨ ਵਿਚ ਟਿਕਾਈ ਰੱਖਦਾ ਹਾਂ, ਸਦਾ 'ਮੇਰੀ ਮਾਇਆ, ਮੇਰੀ ਮਾਇਆ' ਕਰਦਿਆਂ ਹੀ (ਮੇਰੀ ਉਮਰ ਬੀਤਦੀ) ਜਾ ਰਹੀ ਹੈ । (ਹੁਣ ਮੇਰਾ ਜੀ ਕਰਦਾ ਹੈ ਕਿ) ਮੈਨੂੰ ਕੋਈ ਅਜੇਹਾ ਸੰਤ ਮਿਲ ਪਏ, ਜੇਹੜਾ (ਮੇਰੇ ਅੰਦਰ ਮਾਇਆ ਵਾਲੀ) ਸਾਰੀ ਸੋਚ ਦੂਰ ਕਰ ਦੇਵੇ, ਤੇ, ਪਰਮਾਤਮਾ ਨਾਲ ਮੇਰਾ ਪਿਆਰ ਬਣਾ ਦੇਵੇ ।੨।ਹੇ ਭਾਈ! ਸਾਰੇ ਵੇਦ ਪੜ੍ਹ ਵੇਖੇ ਹਨ, (ਇਹਨਾਂ ਦੇ ਪੜ੍ਹਨ ਨਾਲ ਪਰਮਾਤਮਾ ਨਾਲੋਂ) ਮਨ ਦੀ ਵਿੱਥ ਨਹੀਂ ਮੁੱਕਦੀ, (ਵੇਦ ਆਦਿਕਾਂ ਦੇ ਪੜ੍ਹਨ ਨਾਲ) ਗਿਆਨ-ਇੰਦ੍ਰੇ ਇਕ ਛਿਨ ਵਾਸਤੇ ਭੀ ਸ਼ਾਂਤ ਨਹੀਂ ਹੁੰਦੇ । ਹੇ ਭਾਈ! ਕੋਈ ਅਜੇਹਾ ਭਗਤ (ਮਿਲ ਪਏ) ਜੇਹੜਾ (ਆਪ) ਮਾਇਆ ਤੋਂ ਨਿਰਲੇਪ ਹੋਵੇ, (ਉਹੀ ਭਗਤ) ਮੇਰੇ ਹਿਰਦੇ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਸਿੰਜ ਸਕਦਾ ਹੈ ।੩।ਹੇ ਭਾਈ! ਜਿਤਨੇ ਭੀ ਤੀਰਥ ਹਨ ਜੇ ਉਹਨਾਂ ਉਤੇ ਇਸ਼ਨਾਨ ਕੀਤਾ ਜਾਏ; ਉਹ ਇਸ਼ਨਾਨ ਸਗੋਂ ਮਨ ਨੂੰ ਹਉਮੈ ਦੀ ਮੈਲ ਲਾ ਦੇਂਦੇ ਹਨ, (ਇਹਨਾਂ ਤੀਰਥ-ਇਸ਼ਨਾਨਾਂ ਨਾਲ) ਪਰਮਾਤਮਾ ਰਤਾ ਭਰ ਭੀ ਪ੍ਰਸੰਨ ਨਹੀਂ ਹੁੰਦਾ । (ਮੇਰੀ ਤਾਂ ਇਹ ਤਾਂਘ ਹੈ ਕਿ) ਮੈਂ ਕਦੇ ਸਾਧ ਸੰਗਤਿ ਪ੍ਰਾਪਤ ਕਰ ਸਕਾਂ, (ਸਾਧ ਸੰਗਤਿ ਦੀ ਬਰਕਤਿ ਨਾਲ ਮਨ ਵਿਚ) ਸਦਾ ਆਤਮਕ ਆਨੰਦ ਬਣਿਆ ਰਹੇ, ਤੇ, ਮੇਰਾ ਮਨ ਗਿਆਨ ਦੇ ਸੁਰਮੇ ਨਾਲ (ਆਪਣੇ ਆਪ ਨੂੰ) ਪਵਿਤ੍ਰ ਕਰ ਲਏ ।੪।ਹੇ ਭਾਈ! ਸਾਰੇ ਹੀ ਆਸ੍ਰਮਾਂ ਦੇ ਧਰਮ ਕਮਾਇਆਂ ਭੀ ਮਨ ਨਹੀਂ ਪਤੀਜਦਾ । ਵਿਚਾਰ-ਹੀਨ ਮਨੁੱਖ ਸਿਰਫ਼ ਸਰੀਰ ਨੂੰ ਹੀ ਸਾਫ਼-ਸੁਥਰਾ ਕਰਦੇ ਰਹਿੰਦੇ ਹਨ । ਹੇ ਭਾਈ! (ਮੇਰੀ ਇਹ ਲਾਲਸਾ ਹੈ ਕਿ)

ਪਰਮਾਤਮਾ ਦੇ ਪ੍ਰੇਮ–ਰੰਗ ਵਿਚ ਰੰਗਿਆ ਹੋਇਆ, ਪਰਮਾਤਮਾ ਦਾ ਰੂਪ ਕੋਈ ਮਹਾ ਪੁਰਖ ਲੱਭ ਪਏ, ਤੇ, ਉਹ ਮੇਰੇ ਮਨ ਦੀ ਭੈੜੀ ਮਤਿ ਦੀ ਮੈਲ ਦੂਰ ਕਰ ਦੇਵੇ ।੫।ਹੇ ਭਾਈ! ਜੇਹੜਾ ਮਨੁੱਖ (ਤੀਰਥ–ਇਸ਼ਨਾਨ ਆਦਿਕ ਮਿਥੇ ਹੋਏ) ਧਾਰਮਿਕ ਕਰਮਾਂ ਵਿਚ ਹੀ ਰੁੱਝਾ ਰਹਿੰਦਾ ਹੈ, ਰਤਾ–ਭਰ ਸਮੇ ਲਈ ਭੀ ਪਰਮਾਤਮਾ ਨਾਲ ਪਿਆਰ ਨਹੀਂ ਕਰਦਾ, (ਉਹ ਇਹਨਾਂ ਕੀਤੇ ਕਰਮਾਂ ਦੇ ਆਸਰੇ) ਮੁੜ ਮੁੜ ਅਹੰਕਾਰ ਵਿਚ ਟਿਕਿਆ ਰਹਿੰਦਾ ਹੈ, (ਇਹਨਾਂ ਕੀਤੇ ਧਾਰਮਿਕ ਕਰਮਾਂ ਵਿਚੋਂ ਕੋਈ ਭੀ ਕਰਮ) ਕਿਸੇ ਕੰਮ ਨਹੀਂ ਆਉਂਦਾ । ਹੇ ਭਾਈ! ਜਿਸ ਮਨੁੱਖ ਨੂੰ ਉਹ ਗੁਰੂ ਮਿਲ ਪੈਂਦਾ ਹੈ ਜੋ ਸਾਰੀਆਂ ਮੁਰਾਦਾਂ ਪੂਰੀਆਂ ਕਰਨ ਵਾਲਾ ਹੈ ਅਤੇ ਜਿਸ ਦੀ ਕਿਰਪਾ ਨਾਲ ਮਨੁੱਖ ਸਦਾ ਪਰਮਾਤਮਾ ਦੀ ਸਿਫ਼ਤਿ–ਸਾਲਾਹ ਕਰਦਾ ਹੈ, ਉਸ ਗੁਰੂ ਦੀ ਕਿਰਪਾ ਨਾਲ ਕੋਈ ਭਾਗਾਂ ਵਾਲਾ ਮਨੁੱਖ ਪਰਮਾਤਮਾ ਨੂੰ ਆਪਣੀਆਂ ਅੱਖਾਂ ਨਾਲ (ਹਰ ਥਾਂ ਵੱਸਦਾ) ਵੇਖ ਲੈਂਦਾ ਹੈ ।੬।ਹੇ ਭਾਈ! ਜੇਹੜਾ ਮਨੁੱਖ ਮਨ ਦੇ ਹਠ ਨਾਲ (ਤਪ ਆਦਿਕ ਘਾਲ) ਕਰਦਾ ਹੈ, (ਪਰਮਾਤਮਾ ਉਸਦੀ ਇਸ ਮੇਹਨਤ ਨੂੰ) ਰਤਾ ਭਰ ਭੀ ਪਰਵਾਨ ਨਹੀਂ ਕਰਦਾ (ਕਿਉਂਕਿ) ਹੇ ਭਾਈ! ਉਹ ਮਨੁੱਖ ਤਾਂ ਬਗੁਲੇ ਵਾਂਗ ਹੀ ਸਮਾਧੀ ਲਾ ਰਿਹਾ ਹੁੰਦਾ ਹੈ; ਆਪਣੇ ਮਨ ਵਿਚ ਉਹ ਮਾਇਆ ਦਾ ਮੋਹ ਹੀ ਟਿਕਾਈ ਰੱਖਦਾ ਹੈ । ਹੇ ਭਾਈ! ਜੇ ਕੋਈ ਅਜੇਹਾ ਆਤਮਕ ਆਨੰਦ–ਦਾਤਾ ਮਿਲ ਪਏ, ਜੇਹੜਾ ਸਾਨੂੰ ਪਰਮਾਤਮਾ ਦੀ ਸਿਫ਼ਤਿ–ਸਾਲਾਹ ਦੀ ਗੱਲ ਸੁਣਾਏ, ਤਾਂ ਉਸ ਨੂੰ ਮਿਲ ਕੇ ਸਾਡੀ ਆਤਮਕ ਅਵਸਥਾ ਉੱਚੀ ਹੋ ਸਕਦੀ ਹੈ ।੭।ਹੇ ਭਾਈ! ਜਿਸ ਮਨੁੱਖ ਉਤੇ ਪ੍ਰਭੂ–ਪਾਤਿਸ਼ਾਹ ਦਇਆਲ ਹੁੰਦਾ ਹੈ, (ਗੁਰੂ ਉਸ ਦੇ) ਮਾਇਆ ਦੇ ਬੰਧਨ ਕੱਟ ਦੇਂਦਾ ਹੈ । ਹੇ ਭਾਈ! ਮੇਰਾ ਮਨ (ਭੀ) ਗੁਰੂ ਦੇ ਸ਼ਬਦ ਵਿਚ (ਹੀ) ਮਗਨ ਰਹਿੰਦਾ ਹੈ । ਹੇ ਨਾਨਕ! (ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਨੂੰ) ਸਾਰੇ ਡਰਾਂ ਤੋਂ ਰਹਿਤ ਗੋਬਿੰਦ ਮਿਲ ਪੈਂਦਾ ਹੈ, ਉਸ ਦੇ ਅੰਦਰ ਸਦਾ ਆਨੰਦ ਬਣਿਆ ਰਹਿੰਦਾ ਹੈ, ਪਰਮਾਤਮਾ ਦੇ ਚਰਨਾਂ ਵਿਚ ਲੀਨ ਰਹਿ ਕੇ ਉਹ ਮਨੁੱਖ ਸਾਰੇ ਸੁਖ ਪ੍ਰਾਪਤ ਕਰ ਲੈਂਦਾ ਹੈ ।੮।(ਹੇ ਭਾਈ! ਗੁਰੂ ਦੇ ਦਰ ਤੇ ਪਿਆਂ) ਮਨੁੱਖਾ ਜੀਵਨ ਵਾਲਾ ਸਫ਼ਰ ਕਾਮਯਾਬ ਹੋ ਜਾਂਦਾ ਹੈ । ਗੁਰੂ ਨੂੰ ਮਿਲ ਕੇ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ ।੧। ਰਹਾਉ ਦੂਜਾ ।੧।੩।

English Translation:

**DHANAASAREE, FIFTH MEHL, SIXTH HOUSE, ASHTAPADEES:**
**ONE UNIVERSAL CREATOR GOD. BY THE GRACE OF THE TRUE GURU:**

Whoever is born into the world, is entangled in it; human birth is obtained only by good destiny. I look to Your support, O Holy Saint; give me Your hand, and protect me. By Your Grace, let me meet the Lord, my King. ‖ 1 ‖ I wandered through countless incarnations, but I did not find stability anywhere. I serve the Guru, and I fall at His feet, praying, "O Dear Lord of the Universe, please, show me the way." ‖ 1 ‖ Pause ‖ I have tried so many things to acquire the wealth of Maya, and to cherish it in my mind; I have passed my life constantly crying out, "Mine, mine!" Is there any such Saint, who would meet with me, take away my anxiety, and lead me to enshrine love for my Lord and Master. ‖ 2 ‖ I have read all the Vedas, and yet the sense of separation in my mind still has not been removed; the five thieves of my house are not quieted, even for an instant. Is there any devotee, who is unattached to Maya, who may irrigate my mind with the Ambrosial Naam, the Name of the One Lord? ‖ 3 ‖ In spite of the many places of pilgrimage for people to bathe in, their minds are still stained by their stubborn ego; the Lord Master is not pleased by this at all. When will I find the Saadh Sangat, the Company of the Holy? There, I shall be always in the ecstasy of the Lord, Har, Har, and my mind shall take its cleansing bath in the healing ointment of spiritual wisdom. ‖ 4 ‖ I have followed the four stages of life, but my mind is not satisfied; I wash my body, but it is totally lacking in understanding. If only I could meet some devotee of the Supreme Lord God, imbued with the Lord's Love, who could eradicate the filthy evil-mindedness from my mind. ‖ 5 ‖ One who is attached to religious rituals, does not love the Lord, even for an instant; he is filled with pride, and he is of no account. One who meets with the rewarding personality of the Guru, continually sings the Kirtan of the Lord's Praises. By Guru's Grace, such a rare one beholds the Lord with his eyes. ‖ 6 ‖ One who acts through stubbornness is of no account at all; like a crane, he pretends to meditate, but he is still stuck in Maya. Is there any such Giver of peace, who can recite to me the sermon of God? Meeting him, I would be emancipated. ‖ 7 ‖ When the Lord, my King, is totally pleased with me, He will break the bonds of Maya for me; my mind is imbued with the Word of the Guru's Shabad. I am in ecstasy, forever and ever, meeting the Fearless Lord, the Lord of the Universe. Falling at the Lord's Feet, Nanak has found peace. ‖ 8 ‖ My Yatra, my life pilgrimage, has become fruitful, fruitful, fruitful. My comings and goings have ended, since I met the Holy Saint. ‖ 1 ‖ Second Pause ‖ 1 ‖ 3 ‖